ਪੰਜਾਬ ਸਰਕਾਰ,
ਸਕੂਲ ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਵੱਲ,

ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈਸਿ/ਐਸਿ)
ਪੰਜਾਬ।

ਮੀਮੋ: ਨੰ:-4/7/2019-4ਸਿ3/201929/1-22
ਮਿਤੀ:- 01-04-2019

ਵਿਸ਼ਾ:- **ਵਿਦਿਆਰਥੀਆਂ ਨੂੰ ਸਕੂਲ ਛੱਡਣ ਦਾ ਸਰਟੀਫਿਕੇਟ ਜਾਰੀ ਕਰਨ ਸਬੰਧੀ।**

1.0 ਉਪਰੋਕਤ ਵਿਸ਼ੇ ਸਬੰਧੀ ਵੱਖ-ਵੱਖ ਮਾਧਿਅਮਾਂ ਰਾਹੀਂ ਇਹ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਕਈ ਵਾਰ ਵਿਦਿਆਰਥੀ ਆਪਣੀ ਮਰਜ਼ੀ ਨਾਲ ਪ੍ਰਾਈਵੇਟ ਸਕੂਲਾਂ ਤੋਂ ਹਟਕੇ ਸਰਕਾਰੀ ਸਕੂਲਾਂ ਵਿੱਚ ਦਾਖਲਾ ਲੈਣਾ ਚਾਹੁੰਦੇ ਹਨ ਪ੍ਰੰਤੂ ਪ੍ਰਾਈਵੇਟ ਸਕੂਲ ਮੁੱਖੀ ਉਨ੍ਹਾਂ ਨੂੰ ਸਕੂਲ ਛੱਡਣ ਦਾ ਸਰਟੀਫਿਕੇਟ ਦੇਣ ਵਿੱਚ ਬੇਲੋੜੀ ਦੇਰੀ ਕਰਦੇ ਹਨ।ਇਸ ਤਰ੍ਹਾਂ ਵਿਦਿਆਰਥੀਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲਾ ਲੈਣ ਸਬੰਧੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

2.0 ਉਪਰੋਕਤ ਦੇ ਸਨਮੁੱਖ ਆਪ ਨੂੰ ਲਿਖਿਆ ਜਾਂਦਾ ਹੈ ਕਿ ਸਮੂਹ ਸਕੂਲ ਮੁੱਖੀਆਂ ਨੂੰ ਹਦਾਇਤ ਕੀਤੀ ਜਾਵੇ ਕਿ ਜੇਕਰ ਕੋਈ ਵਿਦਿਆਰਥੀ ਉਨ੍ਹਾਂ ਦੇ ਸਕੂਲ ਵਿੱਚ ਦਾਖਲਾ ਲੈਣ ਆਉਂਦਾ ਹੈ ਭਾਵੇਂ ਕਿ ਉਸ ਕੋਲ ਸਕੂਲ ਛੱਡਣ ਦਾ ਸਰਟੀਫਿਕੇਟ ਨਹੀਂ ਹੈ ਤਾਂ ਵੀ ਉਸ ਨੂੰ ਸਕੂਲ ਵਿੱਚ ਦਾਖਲ ਕਰ ਲਿਆ ਜਾਵੇ ਅਤੇ ਬਾਅਦ ਵਿੱਚ ਸਬੰਧਤ ਸਕੂਲ ਤੋਂ ਸਕੂਲ ਛੱਡਣ ਦਾ ਸਰਟੀਫਿਕੇਟ ਮੰਗਵਾ ਲਿਆ ਜਾਵੇ।ਜੇਕਰ ਕੋਈ ਸਕੂਲ ਮੁੱਖੀ ਸਰਟੀਫਿਕੇਟ ਦੇਣ ਤੋਂ ਇੰਨਕਾਰ ਕਰਦਾ ਹੈ ਤਾਂ ਉਸ ਵਿਰੁੱਧ ਬਣਦੀ ਅਨੁਸਾਸ਼ਨੀ ਕਾਰਵਾਈ ਆਪ ਜੀ ਦੇ ਪੱਧਰ ਤੇ ਕੀਤੀ ਜਾਵੇਗੀ।

3.0 ਉਪਰੋਕਤ ਹਦਾਇਤਾਂ ਪ੍ਰਾਈਵੇਟ ਸਕੂਲਾਂ ਲਈ ਵੀ ਇੰਨ-ਬਿੰਨ ਲਾਗੂ ਹੋਣਗੀਆਂ।

ਸਕੱਤਰ ਸਕੂਲ ਸਿੱਖਿਆ

Scanned by CamScanner